ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

# 68558 ਲੋੜਵੰਦਾਂ ਨੇ ਸਾਡੀ ਰਸੋਈ ਤੋਂ ਉਠਾਇਆ ਲਾਹਾ- ਡਿਪਟੀ ਕਮਿਸ਼ਨਰ

ਮੈਂਬਰਾਂ ਤੇ ਕੰਮ ਕਰਦੇ ਕਰਮਚਾਰੀਆਂ ਨਾਲ ਮਿਲ ਕੇ ਮਨਾਇਆ ਦੀਵਾਲੀ ਦਾ ਤਿਉਹਾਰ

ਸਟਾਫ ਕੋਲੋਂ ਸੁਣੀਆਂ ਸਮੱਸਿਆਵਾਂ ਤੇ ਲਏ ਲੋੜੀਂਦੇ ਸੁਝਾਅ

ਫਾਜ਼ਿਲਕਾ 13 ਅਕਤੂਬਰ

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਵੱਲੋਂ ਸਾਡੀ ਰਸੋਈ ਵਿਖੇ ਦੌਰਾ ਕਰਕੇ ਇਸ ਨਾਲ ਜੁੜੇ ਵੱਖ-ਵੱਖ ਧਾਰਮਿਕ, ਵਪਾਰਕ, ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਤੇ ਕੰਮ ਕਰਦੇ ਸਟਾਫ ਨਾਲ ਦੀਵਾਲੀ ਦਾ ਤਿਉਹਾਰ ਮਨਾਇਆ ਗਿਆ। ਇਸ ਮੌਕੇ ਉਨ੍ਹਾਂ ਨੇ ਸਾਡੀ ਰਸੋਈ ਨਾਲ ਜੁੜੇ ਮੈਂਬਰਾਂ ਤੋਂ ਫੀਡਬੈਕ ਵੀ ਲਈ। ਇਸ ਦੇ ਨਾਲ-ਨਾਲ ਉਨ੍ਹਾਂ ਰਸੋਈ ਵਿਖੇ ਕੰਮ ਕਰ ਰਹੇ ਸਟਾਫ ਕੋਲੋਂ ਪੇਸ਼ ਆ ਰਹੀਆਂ ਸਮੱਸਿਆਵਾਂ ਵੀ ਸੁਣੀਆਂ ਤੇ ਲੋੜੀਂਦੇ ਸੁਝਾ ਵੀ ਲਏ। ਉਨ੍ਹਾਂ ਦੱਸਿਆ ਕਿ ਇਸ ਰਸੋਈ ਤੋਂ 12 ਅਕਤੂਬਰ ਤੱਕ 68558 ਲੋੜਵੰਦ ਲੋਕਾਂ ਵੱਲੋਂ ਲਾਹਾ ਲਿਆ ਜਾ ਚੁੱਕਿਆ ਹੈ।

ਡਿਪਟੀ ਕਮਿਸ਼ਨਰ ਨੇ ਮੀਡੀਆ ਨਾਲ ਗੱਲਬਾਤ ਕਰਨ ਦੌਰਾਨ ਦੱਸਿਆ ਕਿ ਸਾਡੀ ਰਸੋਈ ਜਿੱਥੇ ਲੋੜਵੰਦ ਲੋਕਾਂ ਲਈ ਘੱਟ ਕੀਮਤ 'ਚ ਭਰ ਪੇਟ ਖਾਣਾ ਮੁਹੱਈਆ ਕਰਵਾ ਰਹੀ ਹੈ ਉਥੇ ਇਹ ਕਈ ਬੇਰੁਜ਼ਗਾਰਾਂ ਨੂੰ ਰੋਜ਼ਗਾਰ ਦੇਣ 'ਚ ਵੀ ਸਹਾਈ ਸਿੱਧ ਹੋਈ ਹੈ। ਉਨ੍ਹਾਂ ਸਾਡੀ ਰਸੋਈ ਨੂੰ ਸੁਚੱਜੇ ਢੰਗ ਨਾਲ ਚਲਾਉਣ ਲਈ ਸੇਵਾਵਾਂ ਦੇ ਰਹੇ ਕਰਮਚਾਰੀਆਂ ਦੀ ਵੀ ਪ੍ਰਸ਼ੰਸਾ ਕੀਤੀ। ਇਸ ਮੌਕੇ ਉਨ੍ਹਾਂ ਵੱਲੋਂ ਮੌਜੂਦ ਵੱਖ-ਵੱਖ ਪ੍ਰਬੰਧਕੀ ਕਮੇਟੀਆਂ ਦੇ ਨੁਮਾਇੰਦਿਆਂ ਕੋਲੋਂ ਇਸ ਵਿੱਚ ਸੁਧਾਰ ਲਿਆਉਣ ਲਈ ਲੋੜੀਂਦੇ ਸੁਝਾਅ ਵੀ ਲਏ ਗਏ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹਾ ਰੈਡ ਕਰਾਸ ਸੋਸਾਇਟੀ ਰਾਹੀਂ ਅਤੇ ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ, ਧਾਰਮਿਕ ਜਥੇਬੰਦੀਆਂ ਤੇ ਐਸੋਸੀਏਸ਼ਨਾ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਸਾਡੀ ਰਸੋਈ ਲੋੜਵੰਦ ਲੋਕਾਂ ਲਈ ਬਹੁਤ ਲਾਹੇਵੰਦ ਸਾਬਿਤ ਹੋ ਰਹੀ ਹੈ।

ਇਸ ਮੌਕੇ ਸਕੱਤਰ ਜ਼ਿਲ੍ਹਾ ਰੈਡ ਕਰਾਸ ਸੋਸਾਇਟੀ ਸ੍ਰੀ ਸੁਭਾਸ਼ ਅਰੋੜਾ, ਸਾਡੀ ਰਸੋਈ ਦਾ ਸਟਾਫ, ਵੱਖ-ਵੱਖ ਸਮਾਜ ਸੇਵੀ ਸੰਸਥਾਵਾਂ ਤੇ ਐਸੋਸੀਏਸ਼ਨਾਂ ਦੇ ਨੁਮਾਇੰਦੇ ਅਤੇ ਹੋਰ ਅਧਿਕਾਰੀ ਮੌਜੂਦ ਸਨ।